ਛੱਠ ਪੂਜਾ ਮੌਕੇ ਸੂਏ 'ਚ ਖੜ੍ਹੇ ਹੋ ਕੇ ਸੂਰਜ ਦੇਵ ਦੀ ਪੂਜਾ ਕਰਦੇ ਹੋਏ ਵਰਤ ਰੱਖਣ ਵਾਲੀਆਂ ਔਰਤਾਂ। (ਸੱਜੇ) ਧਾਰਮਿਕ ਸਮਾਗਮ ਦੌਰਾਨ ਮੌਜੂਦ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ, ਐਸ.ਪੀ. ਰਾਕੇਸ਼ ਯਾਦਵ, ਕੌਸ਼ਲ ਮਿਸ਼ਰਾ ਅਤੇ ਹੋਰ। ਅਜੀਤ ਤਸਵੀਰਾਂ

ਲੋਹਾ ਨਗਰੀ ਵਿਚ ਉਤਸ਼ਾਹ ਨਾਲ ਮਨਾਇਆ ਛੱਠ ਮਹਾਂ ਉਤਸਵ

ਮੰਡੀ ਗੋਬਿੰਦਗੜ੍ਹ, 28 ਅਕਤੂਬਰ (ਰਾਜੇਸ਼ ਸ਼ਰਮਾ)-ਜਿੱਥੇ ਦੇਸ਼ ਭਰ ਵਿਚ ਪ੍ਰਵਾਸੀ ਭਾਈਚਾਰੇ ਦਾ ਮਹਾਨ ਤਿਉਹਾਰ ਛੱਠ ਮਹਾਂ ਉਤਸਵ ਬੜੀ ਧੂਮਧਾਮ ਨਾਲ ਮਨਾਇਆ ਗਿਆ, ਉੱਥੇ ਹੀ ਪ੍ਰਮੁੱਖ ਲੋਹਾ ਨਗਰੀ ਮੰਡੀ ਗੋਬਿੰਦਗੜ੍ਹ ਵਿਚ ਵੀ ਛੱਠ ਪੂਜਾ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਜਿੱਥੇ ਵਰਤ ਰੱਖਣ ਵਾਲੇ ਪੁਰਸ਼ਾਂ ਅਤੇ ਔਰਤਾਂ ਨੇ ਅਮਲੋਹ ਰੋਡ 'ਤੇ ਪੈਂਦੇ ਸੂਏ ਦੇ ਪਾਣੀ ਵਿਚ ਖੜ੍ਹੇ ਹੋ ਕੇ ਡੁੱਬਦੇ ਸੂਰਜ ਨੂੰ ਜਲ ਚੜ੍ਹਾ ਕੇ ਪੂਜਾ ਕੀਤੀ। ਵਰਤ ਰੱਖਣ ਵਾਲੇ ਪੁਰਸ਼ ਅਤੇ ਔਰਤਾਂ 36 ਘੰਟੇ ਵਰਤ ਰੱਖਦੇ ਹਨ, ਜੋ ਬਿਨਾਂ ਕੁਝ ਖਾਧੇ-ਪੀਤੇ ਚੌਥੇ ਦਿਨ ਸੂਰਜ ਦੇਵ ਦੀ ਪੂਜਾ ਕਰਕੇ ਵਰਤ ਤੋੜਦੇ ਹਨ। ਅੱਜ ਇਸ ਤਿਉਹਾਰ ਦੌਰਾਨ ਹਜ਼ਾਰਾਂ ਵਰਤ ਰੱਖਣ ਵਾਲੇ ਪੁਰਸ਼ਾਂ ਅਤੇ ਔਰਤਾਂ ਨੇ ਸੂਏ ਦੇ ਪਾਣੀ ਵਿਚ ਖੜ੍ਹੇ ਹੋ ਕੇ ਸੂਰਜ ਦੇਵ ਦੀ ਪੂਜਾ ਕੀਤੀ। ਉਨ੍ਹਾਂ ਨੂੰ ਆਪਣੇ ਪਰਿਵਾਰਾਂ ਦੀ ਖ਼ੁਸ਼ੀ ਅਤੇ ਖ਼ੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਇਸ ਸੰਬੰਧੀ ਛੱਠ ਪੂਜਾ ਸੇਵਾ ਸਮਿਤੀ ਵਲੋਂ ਪ੍ਰਧਾਨ ਸੁਭਾਸ਼ ਵਰਮਾ ਦੀ ਅਗਵਾਈ ਵੱਖ-ਵੱਖ ਧਾਰਮਿਕ ਸਮਾਗਮ ਆਯੋਜਿਤ ਕੀਤੇ ਗਏ। ਜਿਸ ਵਿਚ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ ਜਦੋਂਕਿ ਕਾਂਗਰਸ ਦੇ ਸਾਬਕਾ ਮੰਤਰੀ ਕਾਕਾ ਰਣਦੀਪ ਸਿੰਘ, ਭਾਜਪਾ ਦੇ ਸੂਬਾ ਸਕੱਤਰ ਕੰਵਰਵੀਰ ਸਿੰਘ ਟੌਹੜਾ, ਸ਼੍ਰੋਮਣੀ ਅਕਾਲੀ ਦਲ ਤੋਂ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ ਅਤੇ ਨਗਰ ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਐਸ.ਪੀ. ਰਾਕੇਸ਼ ਯਾਦਵ ਅਤੇ ਉੱਘੇ ਲੋਹਾ ਵਪਾਰੀ ਕੌਸ਼ਲ ਮਿਸ਼ਰਾ ਨੇ ਵੀ ਖ਼ਾਸ ਤੌਰ 'ਤੇ ਆਪਣੀ ਹਾਜ਼ਰੀ ਲਗਵਾਈ। ਜਿਨ੍ਹਾਂ ਸਮੁੱਚੇ ਪ੍ਰਵਾਸੀ ਸਮਾਜ ਨੂੰ ਇਸ ਮਹਾਨ ਤਿਉਹਾਰ ਛੱਠ ਮਹਾਂਉਤਸਵ ਦੀ ਵਧਾਈ ਦਿੱਤੀ ਅਤੇ ਸੂਰਜ ਦੇਵ ਮੰਦਿਰ ਵਿਚ ਛੱਠ ਮਈਆ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਉਦਯੋਗਿਕ ਸ਼ਹਿਰ ਮੰਡੀ ਗੋਬਿੰਦਗੜ੍ਹ ਵਿਚ ਦੇਸ਼ ਦੇ ਕੋਨੇ-ਕੋਨੇ ਤੋਂ ਵੱਡੀ ਗਿਣਤੀ ਵਿਚ ਪ੍ਰਵਾਸੀ ਕੰਮ ਦੀ ਭਾਲ ਵਿਚ ਆ ਕੇ ਵਸੇ ਹੋਏ ਹਨ, ਉਨ੍ਹਾਂ ਲਈ ਇਸ ਤਿਉਹਾਰ ਦੀ ਬਹੁਤ ਮਾਨਤਾ ਹੈ। ਜਿਨ੍ਹਾਂ ਵਲੋਂ ਹਰ ਸਾਲ ਇਸ ਤਿਉਹਾਰ ਨੂੰ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਕੌਂਸਲਰ ਅਰਵਿੰਦ ਸਿੰਗਲਾ, ਸੇਵਾ ਦਲ ਦੇ ਜ਼ਿਲ੍ਹਾ ਪ੍ਰਧਾਨ ਲਾਲ ਸਿੰਘ ਲਾਲੀ, ਡਾ. ਮਨਮੋਹਨ ਕੌਸ਼ਲ, ਮਹਿਲਾ ਕਾਂਗਰਸ ਦੀ ਬਲਾਕ ਪ੍ਰਧਾਨ ਨੀਤੂ ਸਿੰਘੀ, ਰਣਜੀਤ ਸਿੰਘ ਅੰਬੇ ਮਾਜਰਾ, ਸੰਮਤੀ ਪ੍ਰਧਾਨ ਸੁਭਾਸ਼ ਵਰਮਾ, ਰਾਮ ਕੇਵਲ ਯਾਦਵ, ਪ੍ਰਸ਼ਾਦ ਮਿਸ਼ਰਾ, ਲਾਲ ਬਾਬੂ ਯਾਦਵ, ਰਾਮ ਸੰਜੀਵਨ ਯਾਦਵ, ਨਾਗੇਂਦਰ ਯਾਦਵ, ਵਿਨੋਦ ਰਾਏ, ਅਜੈ ਰਾਏ, ਮਧੂ ਸੂਦਨ ਗਿਰੀ, ਗੌਤਮ ਕੁਮਾਰ, ਸ਼ਸ਼ੀ ਕਾਂਤ ਆਦਿ ਮੌਜੂਦ ਸਨ।

ਸਾਬਕਾ ਮੰਤਰੀ ਕਾਕਾ ਰਣਦੀਪ ਸਿੰਘ ਤੇ ਹੋਰ ਸ਼ਖਸੀਅਤਾਂ ਦਾ ਸੰਮਤੀ ਪ੍ਰਧਾਨ ਸੁਭਾਸ਼ ਵਰਮਾ ਆਪਣੇ ਸਾਥੀਆਂ ਸਮੇਤ ਸਨਮਾਨ ਕਰਦੇ ਹੋਏ।

ਹਲਕਾ ਵਿਧਾਇਕ ਲਖਵੀਰ ਸਿੰਘ ਰਾਏ ਛੱਠ ਪੂਜਾ ਦੇ ਤਿਉਹਾਰ ਮੌਕੇ ਪ੍ਰਵਾਸੀਆਂ ਨੂੰ ਸੰਬੋਧਨ ਕਰਨ ਸਮੇਂ। ਤਸਵੀਰ: ਕਰਨ

ਸਰਹਿੰਦ 'ਚ ਪ੍ਰਵਾਸੀਆਂ ਨੇ ਸੂਏ 'ਤੇ ਮਨਾਇਆ ਛੱਠ ਪੂਜਾ ਦਾ ਤਿਉਹਾਰ

ਵਿਧਾਇਕ ਲਖਵੀਰ ਸਿੰਘ ਰਾਏ ਨੇ ਛੱਠ ਪੂਜਾ ਦੇ ਸਮਾਗਮ 'ਚ ਕੀਤੀ ਸ਼ਮੂਲੀਅਤ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਸਰਹਿੰਦ ਵਿਖੇ ਪ੍ਰਵਾਸੀਆਂ ਵਲੋਂ ਵੱਡੀ ਗਿਣਤੀ ਵਿਚ ਸੂਏ 'ਤੇ ਇਕੱਤਰ ਹੋ ਕੇ ਛੱਠ ਪੂਜਾ ਦਾ ਤਿਉਹਾਰ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਔਰਤਾਂ ਨੇ ਜਿੱਥੇ ਪਾਣੀ ਦੇ ਵਿਚ ਖੜ੍ਹੇ ਹੋ ਕੇ ਪੂਜਾ ਕੀਤੀ, ਉੱਥੇ ਹੀ ਆਉਣ ਵਾਲੇ ਸ਼ਰਧਾਲੂਆਂ ਦੇ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿਨ੍ਹਾਂ ਦਾ ਪ੍ਰਬੰਧਕਾਂ ਵਲੋਂ ਸਮਾਗਮ 'ਚ ਪਹੁੰਚਣ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਵਿਧਾਇਕ ਰਾਏ ਨੇ ਕਿਹਾ ਕਿ ਛੱਠ ਪੂਜਾ ਇਕ ਮਹੱਤਵਪੂਰਨ ਹਿੰਦੂ ਤਿਉਹਾਰ ਹੈ, ਜੋ ਮੁੱਖ ਤੌਰ 'ਤੇ ਬਿਹਾਰ, ਪੂਰਬੀ ਉੱਤਰ ਪ੍ਰਦੇਸ਼, ਝਾਰਖੰਡ ਅਤੇ ਨੇਪਾਲ ਦੇ ਕੁਝ ਹਿੱਸਿਆਂ ਵਿਚ ਮਨਾਇਆ ਜਾਂਦਾ ਹੈ ਤੇ ਹੁਣ ਪੰਜਾਬ ਦੇ ਅੰਦਰ ਪ੍ਰਵਾਸੀਆਂ ਦੀ ਵਧੇਰੇ ਗਿਣਤੀ ਹੋਣ ਕਾਰਨ ਇੱਥੇ ਵੀ ਮਨਾਇਆ ਜਾਣ ਲੱਗਿਆ ਹੈ। ਇਹ ਤਿਉਹਾਰ ਸੂਰਜ ਦੇਵਤਾ ਅਤੇ ਉਨ੍ਹਾਂ ਦੀ ਭੈਣ ਛੱਠ ਮਈਆ ਨੂੰ ਸਮਰਪਿਤ ਹੁੰਦਾ ਹੈ ਤੇ ਛੱਠ ਪੂਜਾ ਪਰਿਆਵਰਨ ਨਾਲ ਜੁੜਿਆ ਤਿਉਹਾਰ ਹੈ, ਕਿਉਂਕਿ ਇਸ ਦੇ ਵਿਚ ਪਾਣੀ, ਮਿੱਟੀ, ਸੂਰਜ ਅਤੇ ਹਵਾ ਸਭ ਕੁਦਰਤੀ ਤੱਤਾਂ ਦੀ ਪੂਜਾ ਹੁੰਦੀ ਹੈ। ਇਸ ਮੌਕੇ ਉਨ੍ਹਾਂ ਦੁਆਰਾ ਪ੍ਰਵਾਸੀਆਂ ਨੂੰ ਛੱਠ ਪੂਜਾ ਦੀ ਵਧਾਈ ਵੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਾਨੂੰ ਸਾਰੇ ਧਰਮਾਂ ਦਾ ਸਨਮਾਨ ਕਰਨਾ ਚਾਹੀਦਾ ਹੈ, ਕਿਉਂਕਿ ਧਰਮ ਸਾਨੂੰ ਏਕਤਾ ਤੇ ਆਪਸੀ ਭਾਈਚਾਰਕਤਾ ਦਾ ਸੰਦੇਸ਼ ਦਿੰਦੇ ਹਨ। ਇਸ ਮੌਕੇ 'ਆਪ' ਆਗੂ ਰਮੇਸ਼ ਕੁਮਾਰ ਸੋਨੂੰ, ਪ੍ਰਿਤਪਾਲ ਜੱਸੀ, ਬਲਵੀਰ ਸੋਢੀ, ਅਰਵਿੰਦਰ ਸਿੰਘ, ਰਵੀ ਸ਼ੰਕਰ, ਅਮਰੇਸ਼, ਬੱਬਲੂ ਸਾਹਨੀ, ਸਿਵਾਸ਼ੀ ਆਦਿ ਸਮੇਤ ਵੱਡੀ ਗਿਣਤੀ 'ਚ ਸ਼ਰਧਾਲੂ ਵੀ ਹਾਜ਼ਰ ਸਨ।

ਡਾ. ਅਮਨਦੀਪ ਕੌਰ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦੀ ਹੋਈ। ਅਜੀਤ ਤਸਵੀਰ

ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਨੇ ਡਿਸਲੈਕਸੀਆ ਬਾਰੇ ਜਾਗਰੂਕਤਾ ਸੈਸ਼ਨ ਕਰਵਾਇਆ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਦੇ ਟਾਈਟਨ ਹਾਲ ਵਿਚ ਛੇਵੀਂ ਅਤੇ ਸੱਤਵੀਂ ਦੇ ਵਿਦਿਆਰਥੀ ਤੇ ਅਧਿਆਪਕਾਂ ਲਈ ਡਿਸਲੈਕਸੀਆ ਬਾਰੇ ਜਾਗਰੂਕਤਾ ਸੈਸ਼ਨ ਦਾ ਆਯੋਜਨ ਸਕੂਲ ਦੇ ਮਨੋਵਿਗਿਆਨੀ ਅਤੇ ਸਿਹਤ ਤੇ ਤੰਦਰੁਸਤੀ ਰਾਜਦੂਤ ਡਾ. ਅਮਨਦੀਪ ਕੌਰ ਵਲੋਂ ਕੀਤਾ ਗਿਆ। ਇਸ ਦਾ ਉਦੇਸ਼ ਬੱਚਿਆਂ ਦੀਆਂ ਸਿੱਖਣ ਦੀਆਂ ਮੁਸ਼ਕਿਲਾਂ ਖ਼ਾਸ ਕਰਕੇ ਡਿਸਲੈਕਸੀਆ ਨੂੰ ਸਮਝਣਾ ਅਤੇ ਪ੍ਰਭਾਵਿਤ ਲੋਕਾਂ ਪ੍ਰਤੀ ਸੰਵੇਦਨਸ਼ੀਲਤਾ ਪੈਦਾ ਕਰਨਾ ਸੀ। ਪ੍ਰੋਗਰਾਮ ਦੌਰਾਨ ਉਨ੍ਹਾਂ ਲੱਛਣਾਂ, ਚੁਨੌਤੀਆਂ ਅਤੇ ਅਜਿਹੀਆਂ ਸਥਿਤੀਆਂ ਵਾਲੇ ਬੱਚਿਆਂ ਦੀ ਮਦਦ ਕਰਨ ਦੇ ਪ੍ਰਭਾਵਸ਼ਾਲੀ ਤਰੀਕਿਆਂ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਬਹੁਤ ਸਾਰੇ ਬੱਚੇ ਡਿਸਲੈਕਸੀਆ ਦੇ ਹਲਕੇ ਰੂਪਾਂ ਤੋਂ ਪੀੜਤ ਹਨ ਪਰ ਜਾਗਰੂਕਤਾ ਦੀ ਘਾਟ ਕਾਰਨ ਆਪਣੀਆਂ ਚਿੰਤਾਵਾਂ ਪ੍ਰਗਟ ਕਰਨ ਵਿਚ ਅਸਮਰੱਥ ਹੁੰਦੇ ਹਨ। ਵਿਦਿਆਰਥੀਆਂ ਨੂੰ ਫ਼ਿਲਮ ਤਾਰੇ ਜ਼ਮੀਨ ਪਰ 'ਤੇ ਆਧਾਰਿਤ ਇਕ ਵਿਸ਼ੇਸ਼ ਪੇਸ਼ਕਾਰੀ ਵੀ ਦਿਖਾਈ ਗਈ। ਜਿਸ ਵਿਚ ਇਹ ਸੰਦੇਸ਼ ਦਿੱਤਾ ਕਿ ਸਮੇਂ ਸਿਰ ਸਹਾਇਤਾ ਅਤੇ ਉਤਸ਼ਾਹ ਨਾਲ ਅਜਿਹੇ ਬੱਚੇ ਵੀ ਉੱਤਮ ਹੋ ਸਕਦੇ ਹਨ। ਅੰਤ ਵਿਚ ਵਿਦਿਆਰਥੀਆਂ ਨੇ ਇਕ ਚਰਚਾ ਵਿਚ ਹਿੱਸਾ ਲਿਆ ਅਤੇ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ। ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਕਿਹਾ ਕਿ ਡਿਸਲੈਕਸੀਆ ਇਕ ਕਮਜ਼ੋਰੀ ਨਹੀਂ, ਸਗੋਂ ਇਕ ਵਿਲੱਖਣ ਸਿੱਖਣ ਸ਼ੈਲੀ ਹੈ। ਜੇਕਰ ਅਸੀਂ ਹਰੇਕ ਬੱਚੇ ਨੂੰ ਸਮਝਣ ਅਤੇ ਉਨ੍ਹਾਂ ਨੂੰ ਢੁਕਵੀਂ ਅਗਵਾਈ ਦਈਏ ਤਾਂ ਉਹ ਵੀ ਸਫਲਤਾ ਦੀਆਂ ਨਵੀਆਂ ਉਚਾਈਆਂ 'ਤੇ ਪਹੁੰਚ ਸਕਦੇ ਹਨ। ਸਾਡਾ ਫ਼ਰਜ਼ ਹੈ ਕਿ ਅਸੀਂ ਅਜਿਹੇ ਬੱਚਿਆਂ ਦੀ ਸਿੱਖਣ ਯਾਤਰਾ ਨੂੰ ਹਮਦਰਦੀ, ਧੀਰਜ ਅਤੇ ਸਹਾਇਤਾ ਨਾਲ ਸੁਚਾਰੂ ਬਣਾਈਏ।

ਬੋਰਵੈੱਲਾਂ ਤੇ ਟਿਊਬਵੈੱਲਾਂ ਦੀ ਖ਼ੁਦਾਈ ਸੰਬੰਧੀ ਦਿਸ਼ਾ ਨਿਰਦੇਸ਼ ਜਾਰੀ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਰਾਜਿੰਦਰ ਸਿੰਘ)-ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਚ ਪੈਂਦੇ ਬੋਰਵੈੱਲਾਂ, ਟਿਊਬਵੈੱਲਾਂ ਦੀ ਉਸਾਰੀ, ਮੁਰੰਮਤ ਕਰਨ ਸਮੇਂ ਜ਼ਿਲ੍ਹਾ ਮੈਜਿਸਟਰੇਟ, ਸਰਪੰਚ, ਗ੍ਰਾਮ ਪੰਚਾਇਤ, ਨਗਰ ਕੌਂਸਲ ਤੇ ਜਨ ਸਿਹਤ ਵਿਭਾਗ ਨੂੰ 15 ਦਿਨ ਪਹਿਲਾਂ ਸੂਚਿਤ ਕੀਤਾ ਜਾਵੇ। ਹੁਕਮਾਂ ਮੁਤਾਬਿਕ ਪੇਂਡੂ ਖੇਤਰਾਂ ਲਈ ਡਰਿੱਲਿੰਗ ਏਜੰਸੀਆਂ ਦਾ ਜ਼ਿਲ੍ਹੇ ਦੇ ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪਾਸੋਂ ਅਤੇ ਸ਼ਹਿਰੀ ਖੇਤਰ ਲਈ ਸੰਬੰਧਿਤ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਦੇ ਦਫ਼ਤਰ ਪਾਸੋਂ ਰਜਿਸਟਰ ਹੋਣਾ ਜ਼ਰੂਰੀ ਹੈ ਅਤੇ ਉਸਾਰੀ ਵਾਲੀ ਥਾਂ 'ਤੇ ਡਰਿੱਲਿੰਗ ਏਜੰਸੀ ਖੁਦਾਏ ਜਾਣ ਵਾਲੇ ਖੂਹ ਦੇ ਮਾਲਕ ਦੇ ਪੂਰੇ ਪਤੇ ਦਾ ਸਾਈਨ ਬੋਰਡ ਲਗਾਇਆ ਜਾਵੇ। ਬੋਰਵੈੱਲ ਦੇ ਆਲੇ-ਦੁਆਲੇ ਕੰਡਿਆਲੀ ਤਾਰ ਲਗਾਈ ਜਾਵੇ ਅਤੇ ਇਸ ਨੂੰ ਸਟੀਲ ਪਲੇਟ ਦੇ ਢੱਕਣ ਨਾਲ ਨਟ-ਬੋਲਟ ਬੰਦ ਕਰ ਕੇ ਕਵਰ ਕਰ ਕੇ ਰੱਖਿਆ ਜਾਵੇ। ਹੁਕਮਾਂ ਮੁਤਾਬਿਕ ਖੂਹ/ਬੋਰਵੈੱਲ ਦੇ ਆਲੇ-ਦੁਆਲੇ ਸੀਮਿੰਟ/ਕੰਕਰੀਟ ਦਾ ਪਲੇਟਫ਼ਾਰਮ, ਜੋ ਜ਼ਮੀਨੀ ਸਤਾ ਤੋਂ 0.50/0.50 ਗੁਣਾ 0.60 ਮੀਟਰ (0.30 ਮੀਟਰ ਜ਼ਮੀਨੀ ਲੈਵਲ ਤੋਂ ਅਤੇ 0.30 ਮੀਟਰ ਜ਼ਮੀਨੀ ਲੈਵਲ ਤੋਂ ਹੇਠਾਂ) ਖੂਹ ਦੇ ਆਲੇ-ਦੁਆਲੇ ਜ਼ਰੂਰੀ ਹੈ। ਉਸਾਰੀ ਉਪਰੰਤ ਖ਼ਾਲੀ ਥਾਂ ਨੂੰ ਮਿੱਟੀ ਨਾਲ ਖ਼ਾਲੀ ਪਏ ਬੋਰਵੈੱਲ ਖੂਹ ਨੂੰ ਮਿੱਟੀ ਜਾਂ ਰੇਤ ਨਾਲ ਉੱਪਰ ਤੱਕ ਭਰਿਆ ਜਾਵੇ ਅਤੇ ਕੰਮ ਮੁਕੰਮਲ ਹੋਣ ਉਪਰੰਤ ਜ਼ਮੀਨੀ ਲੈਵਲ ਨੂੰ ਪਹਿਲਾਂ ਵਾਂਗ ਕੀਤਾ ਜਾਵੇ। ਇਹ ਹੁਕਮ ਜ਼ਿਲ੍ਹੇ 'ਚ 27 ਦਸੰਬਰ, 2025 ਤੱਕ ਲਾਗੂ ਰਹਿਣਗੇ।

ਧੰਨ-ਧੰਨ ਬਾਬਾ ਬੁੱਢਾ ਜੀ ਸੇਵਾ ਦਲ ਮੰਡੀ ਗੋਬਿੰਦਗੜ੍ਹ ਦੇ ਚੇਅਰਮੈਨ ਭਿੰਦਰ ਸਿੰਘ, ਪ੍ਰਧਾਨ ਜਗਜੀਵਨ ਸਿੰਘ ਊਬੀ ਮੀਟਿੰਗ ਉਪਰੰਤ ਸਮਾਗਮਾਂ ਸੰਬੰਧੀ ਜਾਣਕਾਰੀ ਦਿੰਦੇ ਹੋਏ। ਤਸਵੀਰ: ਰਾਜੇਸ਼ ਸ਼ਰਮਾ

ਪ੍ਰਕਾਸ਼ ਪੁਰਬ ਤੇ ਸ਼ਹੀਦੀ ਪੁਰਬ ਨੂੰ ਸਮਰਪਿਤ 5 ਦਿਨਾ ਗੁਰਮਤਿ ਸਮਾਗਮ 1 ਨਵੰਬਰ ਤੋਂ

ਮੰਡੀ ਗੋਬਿੰਦਗੜ੍ਹ, 28 ਅਕਤੂਬਰ (ਰਾਜੇਸ਼ ਸ਼ਰਮਾ)-ਧੰਨ-ਧੰਨ ਬਾਬਾ ਬੁੱਢਾ ਜੀ ਸੇਵਾ ਦਲ ਮੰਡੀ ਗੋਬਿੰਦਗੜ੍ਹ ਦੀ ਅਹਿਮ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮੁਹੱਲਾ ਗੁਰੂ ਕੀ ਨਗਰੀ ਵਿਖੇ ਸੰਸਥਾ ਦੇ ਚੇਅਰਮੈਨ ਭਿੰਦਰ ਸਿੰਘ ਅਤੇ ਪ੍ਰਧਾਨ ਜਗਜੀਵਨ ਸਿੰਘ ਊਬੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਉਨ੍ਹਾਂ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਗੁਰਪੁਰਬ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਸਿੰਘ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮੁਹੱਲਾ ਗੁਰੂ ਕੀ ਨਗਰੀ ਵਿਚ ਹੋਣ ਵਾਲੇ ਗੁਰਮਤਿ ਸਮਾਗਮ ਦੌਰਾਨ 1 ਨਵੰਬਰ ਨੂੰ ਭਾਈ ਮਨਜਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, 2 ਨੂੰ ਭਾਈ ਸੁਰਿੰਦਰ ਸਿੰਘ ਤੇ ਭਾਈ ਨਛੱਤਰ ਸਿੰਘ, 3 ਨੂੰ ਭਾਈ ਦਵਿੰਦਰ ਸਿੰਘ ਅਤੇ 4 ਨਵੰਬਰ ਨੂੰ ਭਾਈ ਸ਼ੌਕੀਨ ਸਿੰਘ (ਸਾਰੇ ਹਜ਼ੂਰੀ ਰਾਗੀ ਜਥੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ) ਰੋਜ਼ਾਨਾ ਸਾਢੇ 5 ਤੋਂ ਸਾਢੇ 6 ਵਜੇ ਤੱਕ ਸੰਗਤਾਂ ਨੂੰ ਸ਼ਬਦ ਕੀਰਤਨ ਰਾਹੀਂ ਨਿਹਾਲ ਕਰਨਗੇ। ਜਦੋਂਕਿ 5 ਨਵੰਬਰ ਨੂੰ ਸਮਾਗਮਾਂ ਦੀ ਸਮਾਪਤੀ ਮੌਕੇ ਸੰਤ ਬਾਬਾ ਪਿਆਰਾ ਸਿੰਘ ਸਿਰਥਲੇ ਵਾਲੇ ਸੰਗਤਾਂ ਨੂੰ ਕੀਰਤਨ ਤੇ ਗੁਰਬਾਣੀ ਦੀਆਂ ਕਥਾ ਵਿਚਾਰਾਂ ਰਾਹੀਂ ਨਿਹਾਲ ਕਰਨਗੇ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਗੁਰਪੁਰਬ ਸੰਬੰਧੀ 3 ਨਵੰਬਰ ਨੂੰ ਅਲੌਕਿਕ ਨਗਰ ਕੀਰਤਨ ਵੀ ਸਜਾਇਆ ਜਾਵੇਗਾ ਜੋ ਸਵੇਰੇ 7 ਵਜੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮੁਹੱਲਾ ਗੁਰੂ